ਗਉੜੀ ਮਹਲਾ ੫ ॥ ਗਰਬੁ ਬਡੋ ਮੂਲੁ ਇਤਨੋ ॥ ਰਹਨੁ ਨਹੀ ਗਹੁ ਕਿਤਨੋ ॥੧॥ ਰਹਾਉ ॥ ਬੇਬਰਜਤ ਬੇਦ ਸੰਤਨਾ ਉਆਹੂ ਸਿਉ ਰੇ ਹਿਤਨੋ ॥ ਹਾਰ ਜੂਆਰ ਜੂਆ ਬਿਧੇ ਇੰਦ੍ਰੀ ਵਸਿ ਲੈ ਜਿਤਨੋ ॥ ੧॥ ਹਰਨ ਭਰਨ ਸੰਪੂਰਨਾ ਚਰਨ ਕਮਲ ਰੰਗਿ ਰਿਤਨੋ ॥ ਨਾਨਕ ਉਧਰੇ ਸਾਧਸੰਗਿ ਕਿਰਪਾ ਨਿਧਿ ਮੈ ਦਿਤਨੋ ॥੨॥੧੦॥੧੪੮॥ {ਪੰਨਾ 212}

ਪਦਅਰਥ:- ਗਰਬੁ—{gvL} ਅਹੰਕਾਰ। ਮੂਲੁ—ਪਾਂਇਆਂ, ਵਿਤ। ਇਤਨੋ—ਥੋੜਾ ਜਿਹਾ ਹੀ। ਗਹੁ—ਪਕੜ, ਮਾਇਆ ਵਲ ਖਿੱਚ। ਕਿਤਨੋ—(ਭਾਵ,) ਬਹੁਤ।1। ਰਹਾਉ।

ਬੇਬਰਜਤ—ਵਰਜਦੇ, ਰੋਕਦੇ। ਉਆ ਹੂ ਸਿਉ—ਉਸੇ ਨਾਲ। ਰੇ—ਹੇ ਭਾਈ! ਬਿਧੇ—ਵਾਂਗ। ਵਸਿ ਲੈ—ਵੱਸ ਵਿਚ ਕਰ ਕੇ। ਜਿਤਨੋ—ਜਿੱਤ ਲਿਆ ਹੈ।1।

ਹਰਨ ਭਰਨ ਸੰਪੂਰਨਾ—ਸਭ ਜੀਵਾਂ ਦਾ ਨਾਸ ਕਰਨ ਵਾਲਾ ਤੇ ਪਾਲਣ ਵਾਲਾ। ਰੰਗਿ—ਰੰਗ ਵਿਚ, ਪ੍ਰੇਮ ਵਿਚ। ਰਿਤਨੋ—ਖ਼ਾਲੀ। ਉਧਰੇ—ਬਚ ਗਏ। ਕਿਰਪਾ ਨਿਧਿ—ਕਿਰਪਾ ਦਾ ਖ਼ਜ਼ਾਨਾ ਪ੍ਰਭੂ।2।

ਅਰਥ:- ਹੇ ਜੀਵ! ਤੈਨੂੰ (ਆਪਣੇ ਆਪ ਦਾ) ਅਹੰਕਾਰ ਤਾਂ ਬਹੁਤ ਹੈ, ਪਰ (ਇਸ ਅਹੰਕਾਰ ਦਾ) ਮੂਲ (ਤੇਰਾ ਆਪਣਾ ਵਿਤ) ਥੋੜਾ ਜਿਹਾ ਹੀ ਹੈ। (ਇਸ ਸੰਸਾਰ ਵਿਚ ਤੇਰਾ ਸਦਾ ਲਈ) ਟਿਕਾਣਾ ਨਹੀਂ ਹੈ, ਪਰ ਤੇਰੀ ਮਾਇਆ ਵਾਸਤੇ ਖਿੱਚ ਬਹੁਤ ਜ਼ਿਆਦਾ ਹੈ।1। ਰਹਾਉ।

ਹੇ ਜੀਵ! (ਜਿਸ ਮਾਇਆ ਦੇ ਮੋਹ ਵਲੋਂ) ਵੇਦ ਆਦਿਕ ਧਰਮ-ਪੁਸਤਕ ਵਰਜਦੇ ਹਨ, ਸੰਤ ਜਨ ਵਰਜਦੇ ਹਨ, ਉਸੇ ਨਾਲ ਤੇਰਾ ਪਿਆਰ ਬਣਿਆ ਰਹਿੰਦਾ ਹੈ, ਤੂੰ ਜੀਵਨ-ਬਾਜ਼ੀ ਹਾਰ ਰਿਹਾ ਹੈਂ ਜਿਵੇਂ ਜੂਏ ਵਿਚ ਜੁਆਰੀਆ ਹਾਰਦਾ ਹੈ। ਇੰਦ੍ਰੀ (ਕਾਮ-ਵਾਸਨਾ) ਨੇ ਆਪਣੇ ਵੱਸ ਵਿਚ ਲੈ ਕੇ ਤੈਨੂੰ ਜਿੱਤ ਰੱਖਿਆ ਹੈ।1।

ਹੇ ਜੀਵ! ਸਭ ਜੀਵਾਂ ਦੇ ਨਾਸ ਕਰਨ ਵਾਲੇ ਤੇ ਪਾਲਣ ਵਾਲੇ ਪਰਮਾਤਮਾ ਦੇ ਸੋਹਣੇ ਚਰਨਾਂ ਦੇ ਪ੍ਰੇਮ ਵਿਚ (ਟਿਕਣ) ਤੋਂ ਤੂੰ ਸੱਖਣਾ ਹੈਂ।

ਹੇ ਨਾਨਕ! (ਆਖ—ਜੇਹੜੇ ਮਨੁੱਖ) ਸਾਧ ਸੰਗਤਿ ਵਿਚ (ਜੁੜਦੇ ਹਨ, ਉਹ ਮਾਇਆ ਦੇ ਮੋਹ ਤੋਂ) ਬਚ ਜਾਂਦੇ ਹਨ। ਕਿਰਪਾ ਦੇ ਖ਼ਜ਼ਾਨੇ ਪਰਮਾਤਮਾ ਨੇ (ਆਪਣੀ ਕਿਰਪਾ ਕਰ ਕੇ) ਮੈਨੂੰ (ਨਾਨਕ ਨੂੰ ਆਪਣੇ ਚਰਨਾਂ ਦੇ ਪਿਆਰ ਦੀ ਦਾਤਿ) ਦਿੱਤੀ ਹੈ।2।10। 148।